# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 18:20

**ਮਿਤੀ :15-02-2026**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਨਰੇਂਦਰ ਮੋਦੀ ਸਰਕਾਰ ਦੀ, ਖੇਤੀਬਾੜੀ ਭਾਈਚਾਰੇ ਪ੍ਰਤੀ ਵਚਨਬੱਧਤਾ ਨੂੰ ਮੁੜ੍ਹ ਦੁਹਰਾਇਆ ਏ.

- ਪੰਜਾਬ ਦੇ ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਨਵੀਂ ਦਿੱਲੀ ਵਿੱਚ ਕੇਂਦਰੀ ਰੱਖਿਆ ਮੰਤਰੀ, ਰਾਜਨਾਥ ਸਿੰਘ ਨਾਲ ਮੁਲਾਕਾਤ ਕੀਤੀ ।

- ਮੁਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਸਿਹਤ ਸਮੱਸਿਆ ਕਾਰਣ ਅੱਜ ਦੁਪਹਿਰ ਬਾਅਦ ਮੋਹਾਲੀ ਦੇ ਹਸਪਤਾਲ ‘ਚ ਦਾਖਿਲ ਕਰਾਇਆ ਗਿਆ.

- ਮਹਾ ਸ਼ਿਵਰਾਤਰੀ ਦਾ ਪਵਿੱਤਰ ਤਿਉਹਾਰ, ਅੱਜ ਪੂਰੀ ਧਾਰਮਿਕ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ.

- ਮਰਦਾਂ ਦੇ ICC twenty – twenty ਕ੍ਰਿਕੇਟ ਵਿਸ਼ਵ ਕੱਪ ਵਿੱਚ, ਅੱਜ ਸ਼ਾਮੀਂ ਭਾਰਤ ਤੇ ਪਾਕਿਸਤਾਨ ਆਹਮੋ ਸਾਹਮਣੇ ਹੋਣਗੇ .

## ਹੁਣ ਖਬਰਾਂ ਵਿਸਥਾਰ ਨਾਲ

ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਨਰੇਂਦਰ ਮੋਦੀ ਸਰਕਾਰ ਦੀ, ਖੇਤੀਬਾੜੀ ਭਾਈਚਾਰੇ ਪ੍ਰਤੀ ਇਹ ਯਕੀਨੀ ਬਣਾਉਂਦਿਆਂ ਵਚਨਬੱਧਤਾ ਦੀ ਪੁਸ਼ਟੀ ਕੀਤੀ ਏ, ਕਿ ਸਾਰੇ ਅੰਤਰਰਾਸ਼ਟਰੀ ਵਪਾਰ ਸਮਝੌਤਿਆਂ ਵਿੱਚ ਕਿਸਾਨਾਂ, ਪਸ਼ੂ ਪਾਲਕਾਂ ਅਤੇ ਮਛੇਰਿਆਂ ਦੇ ਹਿੱਤ ਸੁਰੱਖਿਅਤ ਰਹਿਣ। ਮੰਤਰੀ, ਅੱਜ ਗੁਜਰਾਤ ਦੇ ਗਾਂਧੀਨਗਰ ਵਿੱਚ ਮਹਾਤਮਾ ਮੰਦਰ ਵਿਖੇ ਦੇਸ਼ ਦੀ ਪਹਿਲੀ ਕੇਂਦਰੀ ਬੈਂਕ ਡਿਜੀਟਲ ਕਰੰਸੀ (CBDC)-ਅਧਾਰਿਤ ਜਨਤਕ ਵੰਡ ਪ੍ਰਣਾਲੀ ਲਾਂਚ ਕਰਨ ਤੋਂ ਬਾਅਦ ਬੋਲ ਰਹੇ ਸਨ। ਸ੍ਰੀ ਸ਼ਾਹ ਨੇ ਵਿਰੋਧੀ ਧਿਰ ਦੇ ਦਾਅਵਿਆਂ ਦਾ ਜਵਾਬ ਦਿੰਦੇ ਹੋਏ ਕਿਹਾ ਕਿ ਭਾਰਤ-ਅਮਰੀਕਾ ਵਪਾਰ ਸਮਝੌਤੇ ਅਤੇ ਭਾਰਤ-ਯੂਰਪੀ ਸੰਘ

ਆਜ਼ਾਦ ਵਪਾਰ ਸਮਝੌਤੇ, ਦੋਵਾਂ ਵਿੱਚ ਕਿਸਾਨਾਂ, ਪਸ਼ੂ ਪਾਲਕਾਂ ਅਤੇ ਮਛੇਰਿਆਂ ਦੇ ਹਿੱਤਾਂ ਦੀ ਰਾਖੀ ਕੀਤੀ ਗਈ ਏ -

byte

ਮੰਤਰੀ ਨੇ ਭਰੋਸਾ ਪ੍ਰਗਟਾਇਆ ਕਿ ਡਿਜੀਟਲ ਟੋਕਨ-ਅਧਾਰਿਤ ਨਵੀਂ ਵੰਡ ਪ੍ਰਣਾਲੀ, ਜਨਤਕ ਵੰਡ ਸਿਲਸਿਲੇ ਦੇ ਅੰਦਰ ਭ੍ਰਿਸ਼ਟਾਚਾਰ ਨੂੰ ਖਤਮ ਕਰੇਗੀ ਅਤੇ ਡਿਲੀਵਰੀ ਪ੍ਰਕਿਰਿਆ ਵਿੱਚ ਬੇਹਦ ਲੋੜੀਂਦੀ ਪਾਰਦਰਸ਼ਿਤਾ ਲਿਆਏਗੀ- ਸ਼੍ਰੀ ਸ਼ਾਹ ਨੇ ਪਿਛਲੇ ਦਹਾਕੇ ਦੌਰਾਨ ਸਰਕਾਰ ਦੀਆਂ ਗਰੀਬ-ਪੱਖੀ ਪਹਿਲਕਦਮੀਆਂ 'ਤੇ ਵੀ ਚਾਨਣਾ ਪਾਇਆ, ਤੇ ਕਿਹਾ ਕਿ ਇਨ੍ਹਾਂ ਯਤਨਾਂ ਤਹਿਤ 27 ਕਰੋੜ ਲੋਕ ਸਫਲਤਾ ਨਾਲ ਗਰੀਬੀ ਰੇਖਾ ਨੂੰ ਪਾਰ ਕਰ ਚੁੱਕੇ ਨੇ. ਇਸ ਮੌਕੇ 'ਤੇ ਬੋਲਦਿਆਂ, ਖਪਤਕਾਰ ਮਾਮਲਿਆਂ, ਖੁਰਾਕ ਅਤੇ ਜਨਤਕ ਵੰਡ ਬਾਰੇ ਮੰਤਰੀ ਪ੍ਰਹਿਲਾਦ ਜੋਸ਼ੀ ਨੇ ਐਲਾਨ ਕੀਤਾ ਕਿ ਇਸ ਪਹਿਲਕਦਮੀ ਦਾ ਪਸਾਰ ਜਲਦ ਹੀ ਚੰਡੀਗੜ੍ਹ, ਪੁਡੂਚੇਰੀ ਅਤੇ ਦਾਦਰਾ ਤੇ ਨਗਰ ਹਵੇਲੀ ਵਰਗੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਕੀਤਾ ਜਾਵੇਗਾ।

---

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼, ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਨਵੀਂ ਦਿੱਲੀ ਵਿੱਚ ਭਾਰਤ ਦੇ ਰੱਖਿਆ ਮੰਤਰੀ, ਸ਼੍ਰੀ ਰਾਜਨਾਥ ਸਿੰਘ ਨਾਲ ਸ਼ਿਸ਼ਟਾਚਾਰ

ਨਾਤੇ ਮੁਲਾਕਾਤ ਕੀਤੀ । ਇਸ ਮੀਟਿੰਗ ਦੌਰਾਨ ਚੰਡੀਗੜ੍ਹ ਵਿੱਚ ਇੱਕ ਸੈਨਿਕ ਸਕੂਲ ਕਾਇਮ ਕਰਨ ਦੀ ਤਜਵੀਜ਼ ਬਾਰੇ ਉਸਾਰੂ ਅਤੇ ਵਿਸਥਾਰਪੂਰਨ ਚਰਚਾ ਹੋਈ। ਰਾਜਪਾਲ ਨੇ ਕਿਹਾ ਕਿ ਸੈਨਿਕ ਸਕੂਲ ਕਾਇਮ ਕੀਤੇ ਜਾਣ ਨਾਲ ਨੌਜਵਾਨਾਂ ਵਿੱਚ ਅਨੁਸ਼ਾਸਨ, ਲੀਡਰਸ਼ਿਪ ਗੁਣਾਂ ਅਤੇ ਰਾਸ਼ਟਰੀ ਸੇਵਾ ਦੀ ਭਾਵਨਾ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਯੋਗਦਾਨ ਮਿਲੇਗਾ । ਮੀਟਿੰਗ ਵਿੱਚ ਸਰਹੱਦੀ ਇਲਾਕਿਆਂ ਵਿੱਚ ਡ੍ਰੋਨਾਂ ਦੇ ਜ਼ਰੀਏ ਨਸ਼ੀਲੇ ਪਦਾਰਥਾਂ ਅਤੇ ਹਥਿਆਰਾਂ ਦੀ ਤਸਕਰੀ 'ਤੇ ਪ੍ਰਭਾਵੀ ਨਿਯੰਤਰਣ ਯਕੀਨੀ ਬਣਾਉਣ ਦੇ ਵਿਸ਼ੇ 'ਤੇ ਵੀ ਗਹਿਨ ਵਿਚਾਰ-ਵਟਾਂਦਰਾ ਕੀਤਾ ਗਿਆ। ਰਾਸ਼ਟਰੀ ਸੁਰੱਖਿਆ ਨੂੰ ਹੋਰ ਮਜ਼ਬੂਤ ਕਰਨ ਲਈ ਐਂਟੀ-ਡ੍ਰੋਨ ਪ੍ਰਣਾਲੀ ਨੂੰ ਮਜ਼ਬੂਤ ਅਤੇ ਆਧੁਨਿਕ ਬਣਾਉਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਰਾਜਪਾਲ ਨੇ ਇਸ ਸਬੰਧ ਵਿੱਚ ਕੇਂਦਰ ਸਰਕਾਰ ਦੇ ਸਹਿਯੋਗ ਲਈ ਧੰਨਵਾਦ ਪ੍ਰਗਟਾਇਆ.

---------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਕੁਝ ਸਿਹਤ ਸਮੱਸਿਆਵਾਂ ਕਾਰਨ ਅੱਜ ਦੁਪਹਿਰ ਬਾਅਦ ਮੋਹਾਲੀ ਦੇ ਹਸਪਤਾਲ ਵਿਖੇ ਦਾਖਲ ਕਰਵਾਇਆ ਗਿਆ । ਪਤਾ ਲੱਗਾ ਏ ਕਿ ਮੁੱਖ ਮੰਤਰੀ ਪਾਰਟੀ ਦੇ ਸੀਨੀਅਰ ਆਗੂਆਂ ਨਾਲ ਧੂਰੀ ਦੇ ਇੱਕ ਮੰਦਰ ਵਿੱਚ ਮਹਾਂ ਸ਼ਿਵਰਾਤਰੀ ਦੇ ਪ੍ਰੋਗਰਾਮ ਵਿੱਚ ਹਿੱਸਾ ਲੈ ਰਹੇ ਸਨ ਜਿੱਥੋਂ ਉਨ੍ਹਾਂ ਨੂੰ ਮੋਹਾਲੀ ਦੇ

ਹਸਪਤਾਲ ਲਿਜਾਇਆ ਗਿਆ। ਉੱਚ ਪੱਧਰੀ ਹਲਕਿਆਂ ਮੁਤਾਬਿਕ, ਤਾਜ਼ਾ ਖਬਰਾਂ ਮਿਲਣ ਸਮੇਂ ਤੱਕ ਡਾਕਟਰਾਂ ਦੀ ਇੱਕ ਟੀਮ ਉਨ੍ਹਾਂ ਦੀ ਜਾਂਚ ਕਰ ਰਹੀ ਸੀ।

-------------------------------------------------------

ਦੇਸ਼ ਭਰ ਵਿੱਚ ਮਹਾਸ਼ਿਵਰਾਤਰੀ ਦਾ ਤਿਉਹਾਰ ਪੂਰੀ ਧਾਰਮਿਕ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ. ਇੱਕ ਰਿਪੋਰਟ –

ਮਹਾ ਸ਼ਿਵਰਾਤਰੀ ਦੇ ਪਵਿੱਤਰ ਤਿਉਹਾਰ ਮੌਕੇ ਸ਼ਿਵ ਮੰਦਰਾਂ ਸਮੇਤ ਸਾਰੇ ਮੰਦਰਾਂ ਵਿੱਚ ਵਿਸ਼ੇਸ਼ ਪੂਜਾ ਹੋ ਰਹੀ ਏ. ਪੰਜਾਬ ਭਰ ਦੇ ਮੰਦਿਰਾਂ ਨੂੰ ਸੋਹਣੀ ਤਰ੍ਹਾਂ ਨਾਲ ਸਜਾਇਆ ਗਿਆ ਏ . ਸ਼ਰਧਾਲੂ ਸਵੇਰ ਤੋਂ ਹੀ ਭਗਵਾਨ ਸ਼ਿਵ ਦੇ ਦਰਸ਼ਨਾਂ ਲਈ ਵੱਡੀ ਗਿਣਤੀ ‘ਚ ਮੰਦਿਰਾਂ ‘ਚ ਪਹੁੰਚ ਰਹੇ ਨੇ.

byte

ਮੰਦਿਰਾਂ ‘ਚ ਮੰਤਰਾਂ ਦੇ ਜਾਪ ਚਲ ਰਹੇ ਨੇ ਤੇ, ਪਾਣੀ, ਦੁੱਧ, ਦਹੀਂ, ਘਿਓ ਅਤੇ ਪੰਚਅੰਮ੍ਰਿਤ ਨਾਲ ਭਗਵਾਨ ਮਹਾਕਾਲ ਦਾ ਅਭਿਸ਼ੇਕ ਜਾਰੀ ਏ। ਸਾਰਾ ਦਿਨ, ਵੱਖ-ਵੱਖ ਆਰਤੀਆਂ, ਭੋਗ ਆਰਤੀ ਅਤੇ ਵਿਸ਼ੇਸ਼ ਅਭਿਸ਼ੇਕ ਵੀ ਕੀਤੇ ਜਾਰੀ ਰਹੇ.

-------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ, ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਲੋਕ ਸਭਾ ਸਪੀਕਰ ਓਮ ਬਿਰਲਾ ਅਤੇ ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਸ ਮੌਕੇ 'ਤੇ ਦੇਸ਼ ਵਾਸੀਆਂ ਨੂੰ ਵਧਾਈਆਂ ਦਿੱਤੀਆਂ ਨੇ | ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਹੇਰਥ ਪੋਸ਼ਤੇ ਦੇ ਮੌਕੇ 'ਤੇ ਵੀ ਕਸ਼ਮੀਰੀ ਪੰਡਿਤ ਭਾਈਚਾਰੇ ਨੂੰ ਵਧਾਈਆਂ

ਦਿੱਤੀਆਂ ਨੇ. ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਤਿਉਹਾਰ ਭਾਈਚਾਰੇ ਦੀਆਂ ਅਮੀਰ ਰਵਾਇਤਾਂ ਨੂੰ ਦਰਸਾਉਂਦਾ ਏ ।

---------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕੋਟਕਪੂਰੇ ਦੇ ਪਿੰਡ  ਮਿਸ਼ਰੀ ਵਾਲਾ ਵਿਖੇ ਪਿੰਡ ਵਾਸੀਆਂ ਨਾਲ ਇਕ ਵਿਸ਼ੇਸ਼ ਮੀਟਿੰਗ ਕੀਤੀ। ਮੀਟਿੰਗ ਦੌਰਾਨ ਉਨ੍ਹਾ ਨੇ ਲੋਕਾਂ ਨੂੰ ਦਰਪੇਸ਼ ਆ ਰਹੀਆਂ ਸਮੱਸਿਆਵਾਂ ਗੰਭੀਰਤਾ ਨਾਲ ਸੁਣਦਿਆਂ ਉਚਿਤ ਹੱਲ ਦਾ ਭਰੋਸਾ ਦਿਵਾਇਆ। ਇਸ ਤੋਂ ਇਲਾਵਾ ਉਨ੍ਹਾਂ ਨੇ ਪਿੰਡ ਵਿਚ ਲੋਕਾਂ ਨੂੰ ਦਰਪੇਸ਼ ਪੀਣ ਵਾਲੇ ਪਾਣੀ ਦੀ ਦਿੱਕਤ ਦੇ ਠੋਸ ਪ੍ਰਬੰਧਾਂ ਲਈ ਅਧਿਕਾਰੀਆਂ ਨੂੰ ਹਦਾਇਤ ਕੀਤੀ. ਉਨ੍ਹਾਂ ਨੇ ਪਿੰਡ ਦੇ ਵਿਕਾਸ ਕਾਰਜਾਂ ਦਾ ਜਾਇਜਾ ਲੈਂਦਿਆਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਵਿਕਾਸ ਕਾਰਜ ਜਲਦ ਤੋਂ ਜਲਦ ਮੁਕੰਮਲ ਕੀਤੇ ਜਾਣ।  ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਆਮ ਲੋਕਾਂ ਦੀ ਚੰਗੀ ਸਿਹਤ ਲਈ ਹਰ ਸੰਭਵ ਉਪਰਾਲੇ ਕੀਤੇ ਜਾ ਰਹੇ ਨੇ.

---------------------------------------------------

ਭਾਰਤੀ ਫੌਜ ਦੇ ਅਮੋਘ ਡਿਵੀਜ਼ਨ ਨੇ ਸਪਤ ਸ਼ਕਤੀ ਕਮਾਂਡ ਸਦਰਮੁਕਾਮ, ਅਧੀਨ ਅੱਜ ਅਬੋਹਰ ਮਿਲਟਰੀ ਸਟੇਸ਼ਨ ਵਿਖੇ ਪੰਜਾਬ ਦੇ ਤਿੰਨ ਜ਼ਿਲ੍ਹਿਆਂ, ਫਾਜ਼ਿਲਕਾ, ਸ੍ਰੀ ਮੁਕਤਸਰ ਸਾਹਿਬ, ਫਰੀਦਕੋਟ

ਅਤੇ ਰਾਜਸਥਾਨ ਦੇ ਦੋ ਜ਼ਿਲ੍ਹਿਆਂ, ਸ੍ਰੀ ਗੰਗਾਨਗਰ ਅਤੇ ਹਨੂੰਮਾਨਗੜ੍ਹ ਲਈ ਇੱਕ ਸਾਬਕਾ ਸੈਨਿਕ ਰੈਲੀ ਅਤੇ ਮੈਡੀਕਲ ਕੈਂਪ ਦਾ ਸਫਲਤਾ ਨਾਲ ਕਰਾਇਆ. ਇਸ ਸਮਾਗਮ ਵਿੱਚ ਖੇਤਰ ਦੇ 3 ਹਜ਼ਾਰ ਤੋਂ ਵੱਧ ਸਾਬਕਾ ਸੈਨਿਕਾਂ, ਵੀਰ ਨਾਰੀਆਂ, ਵੀਰ ਮਾਤਾਵਾਂ ਅਤੇ ਉਨ੍ਹਾਂ ਦੇ ਨੇੜਲੇ ਰਿਸ਼ਤੇਦਾਰਾਂ ਦੀ ਵੱਡੀ ਗਿਣਤੀ ‘ਚ ਹਿੱਸੇਦਾਰੀ ਦੇਖਣ ਨੂੰ ਮਿਲੀ। ਇਸ ਸਮਾਗਮ ਵਿੱਚ ਸਪਤ ਸ਼ਕਤੀ ਕਮਾਂਡ ਦੇ ਕਮਾਂਡਰ, ਲੈਫਟੀਨੈਂਟ ਜਨਰਲ ਮਨਜਿੰਦਰ ਸਿੰਘ ਤੇ ਹੋਰ ਪਤਵੰਤੇ ਸ਼ਾਮਲ ਹੋਏ। ਸੀਨੀਅਰ ਫੌਜੀ ਅਧਿਕਾਰੀ ਅਤੇ ਵੱਖ-ਵੱਖ ਭਲਾਈ ਸੰਗਠਨਾਂ ਦੇ ਨੁਮਾਇੰਦੇ ਵੀ ਮੌਜੂਦ ਸਨ, ਜਿਨ੍ਹਾਂ ਨੇ ਸਾਬਕਾ ਸੈਨਿਕ ਭਲਾਈ ਵਿਧੀਆਂ ਨਾਲ ਨਿਰੰਤਰ ਸਹਾਇਤਾ, ਹੱਕਾਂ ਦੀ ਸਮੇਂ ਸਿਰ ਡਿਲੀਵਰੀ ਅਤੇ ਢਾਂਚਾਗਤ ਸ਼ਮੂਲੀਅਤ ਨੂੰ ਯਕੀਨੀ ਬਣਾਉਣ ਵਿੱਚ ਸਿਵਲ ਅਧਿਕਾਰੀਆਂ ਦੇ ਫਰਜ਼ਾਂ ਨੂੰ ਮੁੜ੍ਹ ਦੁਹਰਾਇਆ. ਆਰਮੀ ਕਮਾਂਡਰ ਨੇ ਇਸ ਮੌਕੇ ਸਾਬਕਾ ਸੈਨਿਕਾਂ ਨੂੰ ਸੰਬੋਧਨ ਕੀਤਾ ਅਤੇ ਸਪਤ ਸ਼ਕਤੀ ਕਮਾਂਡ ਦੀ ਸਾਡੇ ਸਾਬਕਾ ਸੈਨਿਕਾਂ, ਵੀਰ ਨਾਰੀਆਂ ਅਤੇ ਵੀਰ ਮਾਤਾਵਾਂ ਦੀ ਨਿਯਮਤ ਸੰਚਾਰ, ਆਪਸੀ ਤਾਲਮੇਲ, ਸ਼ਕਤੀਕਰਨ, ਸਨਮਾਨ ਅਤੇ ਵਿਆਪਕ ਦੇਖਭਾਲ ਨੂੰ ਯਕੀਨੀ ਬਣਾਉਣ ਪ੍ਰਤੀ ਵਚਨਬੱਧਤਾ ਦੀ ਪੁਸ਼ਟੀ ਕੀਤੀ। ਰੈਲੀ ਦਾ ਅੰਤ ਇੱਕ ਸਨਮਾਨ ਸਮਾਰੋਹ ਨਾਲ ਹੋਇਆ ਜਿਸ ਵਿੱਚ ਵੀਰ ਨਾਰੀਆਂ, ਵੀਰ ਮਾਤਾਵਾਂ ਅਤੇ ਯੁੱਧ ਵਿੱਚ ਜ਼ਖਮੀ ਸਾਬਕਾ ਸੈਨਿਕਾਂ ਨੂੰ ਰਾਸ਼ਟਰ ਪ੍ਰਤੀ

ਉਨ੍ਹਾਂ ਦੀ ਵਿਲੱਖਣ ਸੇਵਾ ਅਤੇ ਕੁਰਬਾਨੀ ਲਈ ਸਨਮਾਨਿਤ ਕੀਤਾ ਗਿਆ।

----------------------------------------------------------

ICC twenty – twenty ਕ੍ਰਿਕੇਟ ਵਿਸ਼ਵ ਕੱਪ ਵਿੱਚ ਅੱਜ ਕੋਲੰਬੋ ਵਿੱਚ, ਭਾਰਤ ਅਤੇ ਪਾਕਿਸਤਾਨ ਆਹਮੋ-ਸਾਹਮਣੇ ਹੋਣਗੇ। ਮੈਚ ਭਾਰਤੀ ਸਮੇਂ ਅਨੁਸਾਰ ਸ਼ਾਮ 7 ਵਜੇ ਸ਼ੁਰੂ ਹੋਵੇਗਾ। ਮੈਚ ਦੌਰਾਨ ਮੀਂਹ ਪੈਣ ਦੀ ਵੀ ਉਮੀਦ ਏ । ਹਾਲਾਂਕਿ ਪ੍ਰਸ਼ੰਸਕ ਇਸ ਮੈਚ ਨੂੰ ਲੈ ਕੇ ਕਾਫੀ ਉਤਸ਼ਾਹਿਤ ਨੇ

byte

----------------------------------------------------------

- ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਨਰੇਂਦਰ ਮੋਦੀ ਸਰਕਾਰ ਦੀ, ਖੇਤੀਬਾੜੀ ਭਾਈਚਾਰੇ ਪ੍ਰਤੀ ਵਚਨਬੱਧਤਾ ਨੂੰ ਮੁੜ੍ਹ ਦੁਹਰਾਇਆ ਏ.

- ਪੰਜਾਬ ਦੇ ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਨਵੀਂ ਦਿੱਲੀ ਵਿੱਚ ਕੇਂਦਰੀ ਰੱਖਿਆ ਮੰਤਰੀ, ਰਾਜਨਾਥ ਸਿੰਘ ਨਾਲ ਮੁਲਾਕਾਤ ਕੀਤੀ ।

- ਮੁਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਸਿਹਤ ਸਮੱਸਿਆ ਕਾਰਣ ਅੱਜ ਦੁਪਹਿਰ ਬਾਅਦ ਮੋਹਾਲੀ ਦੇ ਹਸਪਤਾਲ ‘ਚ ਦਾਖਿਲ ਕਰਾਇਆ ਗਿਆ.

- ਮਹਾ ਸ਼ਿਵਰਾਤਰੀ ਦਾ ਪਵਿੱਤਰ ਤਿਉਹਾਰ, ਅੱਜ ਪੂਰੀ ਧਾਰਮਿਕ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ.

- ਮਰਦਾਂ ਦੇ ICC twenty – twenty ਕ੍ਰਿਕੇਟ ਵਿਸ਼ਵ ਕੱਪ ਵਿੱਚ, ਅੱਜ ਸ਼ਾਮੀਂ ਭਾਰਤ ਤੇ ਪਾਕਿਸਤਾਨ ਆਹਮੋ ਸਾਹਮਣੇ ਹੋਣਗੇ .

-------------------------------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**